**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 21-02-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼ ਨੂੰ ਹਰ ਖੇਤਰ ਵਿੱਚ ਊਰਜਾਵਾਨ ਆਗੂਆਂ ਦੀ ਲੋੜ ਏ ਕਿਉਂਕਿ ਭਾਰਤ ਇੱਕ ਵਿਸ਼ਵ ਊਰਜਾ ਕੇਂਦਰ ਵਜੋਂ ਉੱਭਰ ਰਿਹਾ ਏ । ਉਨ੍ਹਾਂ ਕਿਹਾ, ਦੇਸ਼ ਨੂੰ ਅਜਿਹੇ ਵਿਸ਼ਵ ਪੱਧਰੀ ਨੇਤਾਵਾਂ ਦੀ ਜ਼ਰੂਰਤ ਏ ਜੋ ਰੁਝਾਨ ਤੈਅ ਕਰ ਸਕਣ ਅਤੇ ਵਿਸ਼ਵ ਦੀਆਂ ਗੁੰਝਲਾਂ ਦਾ ਹੱਲ ਲੱਭ ਸਕਣ। ਪ੍ਰਧਾਨ ਮੰਤਰੀ ਨੇ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ, ਸਕੂਲ ਆਫ਼ ਅਲਟੀਮੇਟ ਲੀਡਰਸ਼ਿਪ ਸਮਾਗਮ ਦੇ ਪਹਿਲੇ ਐਡੀਸ਼ਨ ਦਾ ਉਦਘਾਟਨ ਕੀਤਾ । ਇਕੱਠ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਸ਼ਵ ਪੱਧਰੀ ਸ਼ਾਸਨ ਅਤੇ ਨੀਤੀ ਬਣਾਉਣ ਵਾਲੇ ਈਕੋ-ਸਿਸਟਮ ਨੂੰ ਆਲਮੀ ਸਰਵੋਤਮ ਅਭਿਆਸਾਂ ਨਾਲ ਜੋੜ ਕੇ ਬਣਾਉਣ ਲਈ ਕਦਮ ਚੁੱਕੇ ਜਾਣੇ ਚਾਹੀਦੇ ਨੇ । BYTE:

---------------------------------------------------------------------------

ਕੇਂਦਰੀ ਬਿਜਲੀ ਮੰਤਰੀ ਮਨੋਹਰ ਲਾਲ ਨੇ ਨਵੀਂ ਦਿੱਲੀ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ -ਕਸ਼ਮੀਰ, ਲੱਦਾਖ, ਦਿੱਲੀ, ਮੱਧ

ਪ੍ਰਦੇਸ਼, ਰਾਜਸਥਾਨ, ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਦੇ ਨੁਮਾਇਦਿਆਂ ਨਾਲ ਬਿਜਲੀ ਸੈਕਟਰ ਦੀ ਖੇਤਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ'ਚ ਹਿੱਸਾ ਲੈਣ ਵਾਲਿਆਂ ਨੂੰ ਸੰਬੋਧਨ ਕਰਦਿਆਂ, ਬਿਜਲੀ ਰਾਜ ਮੰਤਰੀ ਸ਼੍ਰੀਪਦ ਯੇਸੋ ਨਾਇਕ ਨੇ ਕਿਹਾ ਕਿ ਦੇਸ਼ ਵਿੱਚ ਬਿਜਲੀ ਖੇਤਰ ਦੇ ਸਮੁੱਚੇ ਵਿਕਾਸ ਲਈ ਵੰਡ ਖੇਤਰ ਦੀ ਮਾਲੀ ਵਿਹਾਰਕਤਾ ਬੇਹਦ ਜ਼ਰੂਰੀ ਏ। ਓਹਨਾਂ ਇਸ ਗੱਲ 'ਤੇ ਚਾਨਣਾ ਪਾਇਆ ਕਿ ਖਪਤ ਦੇ ਨਵੇਂ ਢੰਗਾਂ ਜਿਵੇਂ ਇਲੈਕਟ੍ਰਿਕ ਵਾਹਨਾਂ, ਡੇਟਾ ਸੈਂਟਰਾਂ, ਅਤੇ ਨਵਿਆਉਣਯੋਗ ਊਰਜਾ ਏਕੀਕਰਣ, ਬੈਟਰੀ ਸਟੋਰੇਜ, ਅਹਿਮ ਬੁਨਿਆਦੀ ਢਾਂਚੇ ਦੀ ਸਾਈਬਰ ਸੁਰੱਖਿਆ, ਅਤੇ ਪਮਪੇਡ ਸਟੋਰੇਜ ਵਰਗੇ ਨਵੇਂ ਢੰਗ ਤਰੀਕਿਆਂ ਕਰਕੇ ਪੂਰਕ ਬਿਜਲੀ ਦੀ ਵਧਦੀ ਮੰਗ, ਸਾਰੀਆਂ ਸੰਬੰਧਿਤ ਧਿਰਾਂ ਤੋਂ ਸਾਂਝੇ ਉਪਰਾਲਿਆਂ ਦੀ ਮੰਗ ਕਰਦੀ ਏ। ਓਹਨਾਂ ਕਿਹਾ ਕਿ 2047 ਤੱਕ ਭਾਰਤ ਦੇ ਇੱਕ ਵਿਕਸਤ ਰਾਸ਼ਟਰ ਬਣਨ ਦੇ ਟੀਚੇ ਵਿੱਚ ਬਿਜਲੀ ਖੇਤਰ ਦੀ ਅਹਿਮ ਭੂਮਿਕਾ ਏ , ਜਿਸ ਲਈ ਊਰਜਾ ਦੇ ਨਵਿਆਉਣਯੋਗ ਅਤੇ ਪ੍ਰਮਾਣੂ ਵਸੀਲਿਆਂ ਦੇ ਹੋਰ ਏਕੀਕਰਣ ਦੀ ਜ਼ਰੂਰਤ ਏ

---------------------------------------------------------------------

ਅੱਜ ਪੰਜਾਬ ਸਮੇਤ ਦੇਸ਼ ਭਰ ਵਿਚ ਕੌਮਾਂਤਰੀ ਮਾਤ ਭਾਸ਼ਾ ਦਿਵਸ ਮਨਾਇਆ ਜਾ ਰਿਹਾ ਏ। ਇਸ ਦਿਹਾੜਾ, ਦੁਨੀਆ ਭਰ ਵਿਚ ਮਾਂ ਬੋਲੀ ਨੂੰ ਲੈਕੇ ਲੋਕਾਂ ਨੂੰ ਜਾਗਰੂਕ ਕਰਨ ਅਤੇ ਮਾਂ ਬੋਲੀ ਦੀ ਮਹੱਤਤਾ ਨੂੰ

ਉਜਾਗਰ ਕਰਨ ਲਈ ਮਨਾਇਆ ਜਾਂਦਾ ਏ। ਇਸੇ ਸਿਲਸਿਲੇ ਵਿਚ ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਅੱਜ ਦੁਪਹਿਰ 3 ਵਜੇ ਚੰਡੀਗੜ੍ਹ ਸਥਿਤ ਆਪਣੇ ਦਫ਼ਤਰ ਵਿਖੇ ਇੱਕ ਵਿਸ਼ੇਸ਼ ਸਮਾਗਮ ਨਾਲ ਕੌਮਾਂਤਰੀ ਮਾਤ ਭਾਸ਼ਾ ਦਿਵਸ -2025 ਮਨਾਇਆ ਜਾਵੇਗਾ। ਮੁੱਖ ਰਾਜ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਨੇ ਦੱਸਿਆ ਕਿ ਕੌਮਾਂਤਰੀ ਮਾਤ ਭਾਸ਼ਾ ਦਿਵਸ- 2025 ਦੇ ਜਸ਼ਨਾਂ ਦੇ ਹਿੱਸੇ ਵਜੋਂ ਮਾਤ ਭਾਸ਼ਾਵਾਂ ਨੂੰ ਸਮਰਪਿਤ ਇੱਕ ਦਸਤਾਵੇਜ਼ੀ ਫਿਲਮ ਅਤੇ ਚਿੱਤਰ ਪੇਸ਼ਕਾਰੀ ਦਾ ਉਦਘਾਟਨ ਕੀਤਾ ਜਾਵੇਗਾ। ਇਸ ਸਮਾਗਮ ਦਾ ਉਦੇਸ਼ ਭਾਸ਼ਾਈ ਵਿਭਿੰਨਤਾ ਦੀ ਮਹੱਤਤਾ ਅਤੇ ਮੂਲ ਭਾਸ਼ਾਵਾਂ ਦੀ ਸੰਭਾਲ ਨੂੰ ਉਜਾਗਰ ਕਰਨਾ ਏ। ਪੰਜਾਬ ਰਾਜ ਸੂਚਨਾ ਕਮਿਸ਼ਨ ਨੇ ਸਾਰੇ ਭਾਈਵਾਲਾਂ ਅਤੇ ਭਾਸ਼ਾ ਪ੍ਰੇਮੀਆਂ ਨੂੰ ਇਸ ਸਮਾਗਮ ਵਿੱਚ ਹਿੱਸਾ ਲੈਣ ਅਤੇ ਭਾਸ਼ਾਈ ਅਤੇ ਸੱਭਿਆਚਾਰਕ ਵਿਰਾਸਤ ਦੇ ਪ੍ਰਚਾਰ ਵਿੱਚ ਯੋਗਦਾਨ ਪਾਉਣ ਲਈ ਸੱਦਾ ਦਿੱਤਾ ਏ।

---------------------------------------------------------------------------------

ਚੰਡੀਮੰਦਰ ਫੌਜੀ ਛਾਉਣੀ ਵਿਖੇ ਭਾਰਤੀ ਫੌਜ ਦੀਆਂ 'ਵੀਰ ਨਾਰੀਆਂ' ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ ਉਨ੍ਹਾਂ ਦੇ ਬਲੀਦਾਨ ਦਾ ਸਨਮਾਨ ਕਰਨ ਅਤੇ ਸੰਸਥਾਗਤ ਸਹਾਇਤਾ ਪ੍ਰਦਾਨ ਕਰਨ ਲਈ ਕੀਤਾ ਗਿਆ। ਇਹ ਸਮਾਗਮ ਵੀਰ ਨਾਰੀਆਂ ਦੀ ਭਲਾਈ ਲਈ ਸਮਰਪਿਤ ਵੱਖ-ਵੱਖ ਸਿਵਲ ਅਤੇ ਰੱਖਿਆ ਵਿਭਾਗਾਂ ਵਿਚਕਾਰ ਇੱਕ ਸੰਯੁਕਤ ਉਪਰਾਲਾ ਸੀ।

ਸੰਮੇਲਨ ਵਿੱਚ ਸਾਬਕਾ ਸੈਨਿਕ ਯੋਗਦਾਨ ਸਿਹਤ ਯੋਜਨਾ , ਜ਼ਿਲ੍ਹਾ ਸੈਨਿਕ ਬੋਰਡ , ਆਰਮੀ ਵੈਲਫੇਅਰ ਪਲੇਸਮੈਂਟ ਆਰਗੇਨਾਈਜ਼ੇਸ਼ਨ ਅਤੇ ਸਪਰਸ਼ ਹੈਲਪਲਾਈਨ ਨਾਲ ਸਬੰਧਤ ਮੁੱਦਿਆਂ ਦੀ ਸਹੂਲਤ ਲਈ ਸਟਾਲ ਲਗਾਏ ਗਏ । ਲੋਕਾਂ ਦੇ ਮੁੱਦਿਆਂ ਨੂੰ ਮੌਕੇ 'ਤੇ ਹੀ ਹੱਲ ਕੀਤਾ ਗਿਆ। ਸਦਭਾਵਨਾ ਵਜੋਂ, ਦੋ ਬਜ਼ੁਰਗ ਵੀਰ ਨਾਰੀਆਂ, ਜਿਨ੍ਹਾਂ ਨੂੰ ਚੱਲਣ ਫਿਰਨ ਦੀ ਸਮੱਸਿਆ ਸੀ, ਨੂੰ ਮੋਬੀਲਿਟੀ ਚੇਅਰਸ ਪ੍ਰਦਾਨ ਕੀਤੀਆਂ ਗਈਆਂ। ਆਰਮੀ ਵਾਈਵਜ਼ ਵੈਲਫੇਅਰ ਐਸੋਸੀਏਸ਼ਨ ਦੀ ਖੇਤਰੀ ਪ੍ਰਧਾਨ ਸ਼ੁਚੀ ਕਟਿਆਰ ਨੇ ਔਰਤਾਂ ਦੀ ਤਾਕਤ, ਹਿੰਮਤ ਨੂੰ ਸਲਾਮ ਕੀਤਾ, ਜਿਨ੍ਹਾਂ ਨੇ ਦੇਸ਼ ਦੀ ਰੱਖਿਆ ਵਿੱਚ ਯੋਗਦਾਨ ਪਾਉਂਦੇ ਹੋਏ ਖੁਦ ਨਿੱਜੀ ਨੁਕਸਾਨ ਝੱਲਿਆ ਏ । ਉਨ੍ਹਾਂ ਨੇ ਸਰਕਾਰ ਅਤੇ ਸਿਵਲ ਸਹਾਇਤਾ ਨੁਮਾਇਦਿਆਂ ਨੂੰ ਵੀਰ ਨਾਰੀਆਂ ਦੀ ਦੇਖਭਾਲ ਲਈ ਮਿਲਕੇ ਕੰਮ ਕਰਨ ਦਾ ਸੱਦਾ ਦਿੱਤਾ।

---

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕੱਲ ਅਨਾਜ ਭਵਨ ਵਿਖੇ ਅਧਿਕਾਰੀਆਂ ਸਮੇਤ ਸਮੂਹ ਡਿਪਟੀ ਡਾਇਰੈਕਟਰ ਅਤੇ ਜਿਲਾ ਕੰਟਰੋਲਰਾਂ ਨਾਲ ਸਮੀਖਿਆ ਮੀਟਿੰਗ ਕੀਤੀ । ਉਨ੍ਹਾਂ ਸਾਰੇ ਫੀਲਡ ਅਧਿਕਾਰੀਆਂ ਨੂੰ ਸਮੇਂ ਸਿਰ ਦਫਤਰ ਵਿਖੇ ਹਾਜ਼ਿਰ ਹੋਣ ਨੂੰ ਯਕੀਨੀ ਬਣਾਉਣ ਦੇ ਨਾਲ ਨਾਲ

ਹਰ ਰੋਜ ਕੁਝ ਸਮਾਂ ਆਮ ਜਨਤਾ ਨੂੰ ਮਿਲਣ ਲਈ ਨਿਰਧਾਰਿਤ ਕਰਨ ਲਈ ਹਦਾਇਤ ਕੀਤੀ ਗਈ। ਉਨ੍ਹਾਂ ਨਿਰਦੇਸ਼ ਦਿੱਤੇ ਗਏ ਕਿ ਲੋਕਾਂ ਨੂੰ ਆ ਰਹੀਆਂ ਦਿੱਕਤਾਂ ਦਾ ਪਹਿਲ ਦੇ ਆਧਾਰ ਉੱਤੇ ਨਿਪਟਾਰਾ ਕੀਤਾ ਜਾਵੇ। ਡਿਪਟੀ ਡਾਇਰੈਕਟਰਾਂ ਅਤੇ ਜ਼ਿਲਾ ਕੰਟਰੋਲਰਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਉਨ੍ਹਾਂ ਦੇ ਅਧੀਨ ਆਉਂਦੇ ਜ਼ਿਲ੍ਹਿਆਂ ਵਿੱਚ ਰਾਸ਼ਨ ਡਿਪੂਆਂ 'ਤੇ ਚੈਕਿੰਗ ਕਰਨ ਤੋਂ ਇਲਾਵਾ ਲਾਭਪਾਤਰੀਆਂ ਨੂੰ ਕਣਕ ਦੀ ਚੱਲ ਰਹੀ ਵੰਡ ਕਰਨ ਦਾ ਖੁਦ ਜਾਇਜਾ ਲਿਆ ਜਾਵੇ। ਇਨ੍ਹਾਂ ਚੈਕਿੰਗਾਂ ਦੀ ਰਿਪੋਰਟਾਂ ਸਮੇਤ ਵਿਡਿਉਜ਼ ਮੁੱਖ ਦਫਤਰ ਨੂੰ ਭੇਜੇ ਜਾਣ। ਮੰਤਰੀ ਨੇ ਇਸ ਗੱਲ ਉੱਤੇ ਵੀ ਜ਼ੋਰ ਦਿੱਤਾ ਕਿ ਮਹੀਨਾ ਜਨਵਰੀ-ਮਾਰਚ, 2025 ਦੀ ਤਿਮਾਹੀ ਲਈ ਵੰਡੀ ਜਾ ਰਹੀ ਕਣਕ 28 ਫਰਵਰੀ ਤੱਕ ਰਾਸ਼ਨ ਡਿਪੂਆਂ ਉੱਤੇ ਪਹੁੰਚਾਈ ਜਾਵੇ।

---------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਲੁਧਿਆਣਾ ਜ਼ਿਲੇ ਦੇ ਇੱਕ ਆਮ ਵਿਅਕਤੀ ਜਗਤ ਰਾਮ ਨੂੰ ਸਰਕਾਰੀ ਅਧਿਕਾਰੀ ਬਣ ਕੇ 42 ਲੱਖ 60 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਰਾਕੇਸ਼ ਸਚਦੇਵਾ ਨੇ ਦੋਸ਼ ਲਗਾਇਆ ਸੀ ਕਿ ਇਸ ਮੁਲਜ਼ਮ ਨੇ ਲੁਧਿਆਣਾ ਇੰਪਰੂਵਮੈਂਟ ਟਰੱਸਟ ਕੋਲ ਉਸਦੇ ਬਕਾਇਆ NOC ਦਿਵਾਉਣ ਲਈ

ਉਸ ਕੋਲੋਂ 42 ਲੱਖ 60 ਹਜ਼ਾਰ ਰੁਪਏ ਦੀ ਰਿਸ਼ਵਤ ਲਈ ਸੀ । ਪਰ ਉਸ ਦੇ ਬਾਵਜੂਦ ਵੀ ਉਸ ਨੂੰ ਕੋਈ ਸਰਟੀਫੀਕੇਟ ਨਹੀਂ ਮਿਲਿਆ । ਇਸੇ ਦੌਰਾਨ ਉਸਨੂੰ ਪਤਾ ਲੱਗਾ ਕਿ ਜਗਤ ਰਾਮ ਲੁਧਿਆਣਾ ਇੰਪਰੂਵਮੈਂਟ ਟਰੱਸਟ ਦਾ ਕਰਮਚਾਰੀ ਨਹੀਂ ਸਗੋਂ ਇੱਕ ਆਮ ਵਿਅਕਤੀ ਏ ਜੋ ਚੰਡੀਗੜ੍ਹ ਵਿੱਚ ਤਾਇਨਾਤ ਸੀਨੀਅਰ ਅਧਿਕਾਰੀਆਂ ਦੇ ਨਾਮ 'ਤੇ ਰਿਸ਼ਵਤ ਲੈ ਰਿਹਾ ਏ । ਜਾਂਚ ਤੋਂ ਪਤਾ ਲੱਗਾ ਕਿ ਮੁਲਜ਼ਮ ਨੇ ਗੂਗਲ ਪੇਅ ਰਾਹੀਂ ਕੁੱਲ 42 ਲੱਖ 60 ਹਜ਼ਾਰ ਰੁਪਏ ਰਿਸ਼ਵਤ ਵਜੋਂ ਲਏ ਸਨ। ਅਗਲੇਰੀ ਜਾਂਚ ਦੌਰਾਨ ਲੁਧਿਆਣਾ ਇੰਪਰੂਵਮੈਂਟ ਟਰੱਸਟ ਦੇ ਕਰਮਚਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਏ ।